# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 08-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ 10 ਅਗਸਤ ਨੂੰ ਅੰਮ੍ਰਿਤਸਰ ਅਤੇ ਸ਼੍ਰੀ ਮਾਤਾ ਵੈਸ਼ਨੋਦੇਵੀ ਕਟੜਾ ਵਿਚਕਾਰ ਵੰਦੇ ਭਾਰਤ ਐਕਸਪ੍ਰੈਸ ਰੇਲ ਸੇਵਾ ਦਾ ਵਰਚੁਅਲ ਉਦਘਾਟਨ ਕਰਨਗੇ। ਸਾਡੇ ਪੱਤਰਕਾਰ ਨੇ ਦੱਸਿਆ ਕਿ ਵੰਦੇ ਭਾਰਤ ਰੇਲਗੱਡੀ ਨੰਬਰ 26406 ਸ਼੍ਰੀ ਮਾਤਾ ਵੈਸ਼ਨੋਦੇਵੀ ਕਟੜਾ ਤੋਂ ਅੰਮ੍ਰਿਤਸਰ ਅਤੇ ਰੇਲਗੱਡੀ ਨੰਬਰ 26405 ਅੰਮ੍ਰਿਤਸਰ ਤੋਂ ਸ਼੍ਰੀ ਮਾਤਾ ਵੈਸ਼ਨੋਦੇਵੀ ਕਟੜਾ ਮੰਗਲਵਾਰ ਨੂੰ ਛੱਡ ਕੇ ਹਫ਼ਤੇ ਵਿੱਚ ਛੇ ਦਿਨ ਚੱਲੇਗੀ । ਇਹ ਰੇਲਗੱਡੀ ਸਵੇਰੇ 6 ਹਵਕੇ 40 ਮਿੰਟ ਕਟੜਾ ਤੋਂ ਰਵਾਨਾ ਹੋਵੇਗੀ ਅਤੇ ਦੁਪਹਿਰ 12 ਵੱਜਕੇ 20 ਮਿੰਟ ਤੇ ਅੰਮ੍ਰਿਤਸਰ ਪਹੁੰਚੇਗੀ ਅਤੇ ਬਾਅਦ ਦੁਪਹਿਰ 4 ਵੱਜਕੇ 25 ਮਿੰਟ ਤੇ  ਅੰਮ੍ਰਿਤਸਰ ਤੋਂ ਰਵਾਨਾ

ਹੋਵੇਗੀ ਅਤੇ ਰਾਤ 10 ਵਜੇ ਕਟੜਾ ਪਹੁੰਚੇਗੀ। ਇਹ ਰੇਲਗੱਡੀ ਜੰਮੂ, ਪਠਾਨਕੋਟ ਕੈਂਟ, ਜਲੰਧਰ ਸ਼ਹਿਰ ਅਤੇ ਬਿਆਸ ਸਟੇਸ਼ਨਾਂ 'ਤੇ ਰੁਕੇਗੀ।

ਇਸ ਦੌਰਾਨ, ਉੱਤਰੀ ਰੇਲਵੇ ਨੇ ਕਸ਼ਮੀਰ ਘਾਟੀ ਦੇ ਅਨੰਤਨਾਗ ਸਟੇਸ਼ਨ ਤੋਂ ਮਾਲ ਦੀ ਢੋਆ-ਢੁਆਈ ਦਾ ਪ੍ਰਬੰਧ ਸ਼ੁਰੂ ਕਰ ਦਿੱਤਾ ਏ।

-----------------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਲੈਂਡ ਪੂਲਿੰਗ ਨੀਤੀ 'ਤੇ ਰੋਕ ਲਗਾ ਦਿੱਤੀ ਏ ਅਤੇ ਸੂਬੇ ਨੂੰ ਚਾਰ ਹਫ਼ਤਿਆਂ ਦੇ ਅੰਦਰ ਜਵਾਬ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਏ। ਨੀਤੀ ਨੂੰ ਚੁਣੌਤੀ ਦੇਣ ਵਾਲੀ ਇੱਕ ਰਿੱਟ ਪਟੀਸ਼ਨ 'ਤੇ ਸੁਣਵਾਈ ਤੋਂ ਬਾਅਦ, ਕੱਲ੍ਹ, ਡਿਵੀਜ਼ਨ ਬੈਂਚ ਨੇ ਭੂਮੀਹੀਣ ਮਜ਼ਦੂਰਾਂ ਅਤੇ ਹੋਰਾਨਾ ਲੋਕਾਂ ਜਿਨ੍ਹਾਂ ਕੋਲ ਜ਼ਮੀਨ ਨਹੀਂ ਏ ਪਰ ਆਪਣੇ ਗੁਜ਼ਾਰੇ ਲਈ ਇਸ 'ਤੇ ਨਿਰਭਰ ਨੇ, ਦੇ ਮੁੜ ਵਸੇਬੇ ਲਈ ਨੀਤੀ ਵਿੱਚ ਉਪਬੰਧਾਂ ਦੀ ਘਾਟ 'ਤੇ ਚਿੰਤਾ ਪ੍ਰਗਟ ਕੀਤੀ। ਅਦਾਲਤ ਨੇ ਸਰਕਾਰ ਨੂੰ ਸਮਾਜਿਕ ਪ੍ਰਭਾਵ ਮੁਲਾਂਕਣ ਨਾ ਕਰਨ 'ਤੇ ਸਵਾਲ ਉਠਾਏ। ਇਸ ਮਾਮਲੇ ਦੀ ਅਗਲੀ ਸੁਣਵਾਈ ਹੁਣ 10 ਸਤੰਬਰ ਨੂੰ ਹੋਵੇਗੀ।

-----------------------------------------------------------

ਰਾਸ਼ਟਰੀ ਜਾਂਚ ਏਜੰਸੀ -NIA ਨੇ ਡੰਕੀ ਰੂਟ ਰਾਹੀਂ ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵਾਸੀਆਂ ਦੀ ਮਨੁੱਖੀ ਤਸਕਰੀ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਕੱਲ ਹਰਿਆਣਾ ਅਤੇ ਪੰਜਾਬ ਵਿੱਚ ਚਾਰ ਥਾਵਾਂ 'ਤੇ ਵਿਆਪਕ ਤਲਾਸ਼ੀ ਲੈਣ ਤੋਂ ਬਾਅਦ ਦੋਵਾਂ ਨੂੰ ਹਰਿਆਣਾ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ । ਐਨ.ਆਈ.ਏ ਸੂਤਰਾਂ ਮੁਤਾਬਿਕ , ਜਾਂਚ ਤੋਂ ਪਤਾ ਲੱਗਾ ਏ ਕਿ ਕਰਨਾਲ ਜ਼ਿਲ੍ਹੇ ਦੇ ਰਹਿਣ ਵਾਲੇ ਰਵੀ ਅਤੇ ਗੋਪਾਲ ਇੱਕ ਅੰਤਰ-ਰਾਸ਼ਟਰੀ ਸਿੰਡੀਕੇਟ ਦਾ ਹਿੱਸਾ ਸਨ, ਜੋ ਭਾਰਤੀ ਨਾਗਰਿਕਾਂ ਨੂੰ ਅਮਰੀਕਾ ਦੀ ਕਾਨੂੰਨੀ ਯਾਤਰਾ ਦੇ ਝੂਠੇ ਵਾਅਦੇ ਕਰਕੇ ਲੁਭਾਉਂਦਾ ਸੀ। ਐਨ.ਆਈ.ਏ ਵਲੋਂ ਇਸ ਮਾਮਲੇ ਵਿੱਚ ਜਾਂਚ ਜਾਰੀ ਏ , ਜਿਸਦੇ ਵੱਡੇ ਅੰਤਰਰਾਸ਼ਟਰੀ ਸਬੰਧ ਨੇ ਤਾਂਜੋ ਸਾਜ਼ਿਸ਼ ਵਿੱਚ ਸ਼ਾਮਲ ਹੋਰਨਾ ਲੋਕ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਸਕੇ ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਵਿਖੇ ਤਕਰੀਬਨ 3 ਕਰੋੜ 4 ਲੱਖ ਰੁਪਏ ਦੀ ਲਾਗਤ

ਨਾਲ ਮੁਕੰਮਲ ਹੋਣ ਵਾਲੇ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਮੁੱਖ ਪੰਪਿੰਗ ਸਟੇਸ਼ਨ ਦਾ ਨੀਂਹ ਪੱਥਰ ਰੱਖਿਆ। ਮੁੱਖ ਮੰਤਰੀ ਨੇ ਕਿਹਾ ਕਿ ਮਹਾਨ ਧਾਰਮਿਕ ਆਗੂਆਂ ਦੀ ਚਰਨ ਛੋਹ ਪ੍ਰਾਪਤ ਇਸ ਇਸ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਾਪਤ ਕਰ ਕੇ ਉਹ ਧੰਨ ਮਹਿਸੂਸ ਕਰਦੇ ਨੇ । ਉਨ੍ਹਾਂ ਕਿਹਾ ਕਿ ਇਸ ਧਰਤੀ ਨੇ ਹਮੇਸ਼ਾ ਵਿਸ਼ਵ ਸ਼ਾਂਤੀ, ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਵੱਲੋਂ ਦਰਸਾਏ ਮਾਰਗ ’ਤੇ ਚੱਲਦਿਆਂ ਪੰਜਾਬ ਸਰਕਾਰ ਨੇ ਸਿਹਤ, ਰੋਜ਼ਗਾਰ ਅਤੇ ਹੋਰ ਮੁੱਖ ਖੇਤਰਾਂ ਦੇ ਨਾਲ-ਨਾਲ ਸਿੱਖਿਆ ਖੇਤਰ ਨੂੰ ਤਰਜੀਹ ਦਿੱਤੀ ਏ । ਮੁੱਖ ਮੰਤਰੀ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਵੀ ਹੋਏ ।

---

ਬ੍ਰਿਟਿਸ਼ ਹਾਈ ਕਮਿਸ਼ਨ ਦੇ ਸਿਆਸੀ ਸਲਾਹਕਾਰ ਡੈਨੀਅਲ ਸ਼ੈਰੀ ਨੇ ਕੱਲ ਚੰਡੀਗੜ੍ਹ ਵਿਖੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨਾਲ "ਵੀਜ਼ਾ ਫਰਾਡ ਤੋਂ ਬਚੋ" ਮੁਹਿੰਮ ਸਬੰਧੀ ਵਿਸ਼ੇਸ਼ ਮੁਲਾਕਾਤ ਕੀਤੀ। ਇਹ

ਮੀਟਿੰਗ ਪੰਜਾਬ ਦੇ ਨੌਜਵਾਨਾਂ ਦੇ ਹਿੱਤਾਂ ਅਤੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ, ਜਿਸ ਵਿੱਚ ਵਿਦੇਸ਼ ਯਾਤਰਾ ਦੇ ਨਾਮ ’ਤੇ ਧੋਖਾਧੜੀ, ਗੈਰ-ਕਾਨੂੰਨੀ ਏਜੰਟਾਂ ਅਤੇ ਜਾਅਲੀ ਦਸਤਾਵੇਜ਼ਾਂ ਦੇ ਰੂਪ ਵਿੱਚ ਉੱਭਰ ਰਹੀਆਂ ਚੁਣੌਤੀਆਂ ’ਤੇ ਚਰਚਾ ਕੀਤੀ ਗਈ। ਇਸ ਚਰਚਾ ਦੌਰਾਨ ਉਨ੍ਹਾਂ ਨੇ ਲੋਕਾਂ ਨੂੰ ਸਹੀ ਜਾਣਕਾਰੀ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਤੇਜ਼ ਕਰਨ ਦੇ ਨਾਲ-ਨਾਲ ਅਜਿਹੀਆਂ ਧੋਖਾਧੜੀਆਂ ਨੂੰ ਰੋਕਣ ਲਈ ਸਾਂਝੇ ਤੌਰ ’ਤੇ ਕੰਮ ਕਰਨ ਦੀ ਦਿਲਚਸਪੀ ਪ੍ਰਗਟਾਈ।

---------------------------------------------------------------

ਚੰਡੀਗੜ੍ਹ ਤੇ ਡੇਰਾਬੱਸੀ ਦੇ ਉੱਪਰਲੇ ਇਲਾਕਿਆਂ ਵਿੱਚ ਭਾਰੀ ਮੀਂਹ ਕਾਰਨ ਘੱਗਰ ਨਦੀ ਵਿੱਚ ਪਾਣੀ ਦਾ ਪੱਧਰ ਬੀਤੇ ਦਿਨੀ 14 ਫੁੱਟ ਤੱਕ ਵੱਧ ਗਿਆ ਸੀ ਪਰ ਹੁਣ ਇਹ ਲਗਾਤਾਰ ਘਟ ਰਿਹਾ ਏ। ਡ੍ਰੇਨੇਜ ਦੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਘਬਰਾਉਣ ਦੀ ਲੋੜ ਨਹੀਂ ਏ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਚੰਡੀਗੜ੍ਹ ਖੇਤਰ ਵਿੱਚ ਪਾਣੀ ਦਾ ਇਹ ਪੱਧਰ ਅਚਾਨਕ 10 ਫੁੱਟ

ਤੱਕ ਵੱਧ ਗਿਆ ਸੀ, ਜਿੱਥੇ ਹੁਣ ਇਹ ਘੱਟ ਹੋ ਗਿਆ ਏ ਅਤੇ ਪਾਣੀ ਅੱਗੇ ਚਲਾ ਗਿਆ ਏ। ਉਨ੍ਹਾਂ ਕਿਹਾ ਕਿ ਹਾਲਾਂਕਿ, ਪਿਛਲੇ 12 ਘੰਟਿਆਂ ਦੌਰਾਨ, ਭਾਂਖਰਪੁਰ ਤੇ ਚੰਡੀਗੜ੍ਹ ਸਾਈਟ 'ਤੇ ਪਾਣੀ ਦਾ ਪੱਧਰ 2 ਫੁੱਟ ਤੱਕ ਘੱਟ ਗਿਆ ਏ। ਮੌਜੂਦਾ ਰੁਝਾਨ ਦੇ ਆਧਾਰ 'ਤੇ, ਸਰਾਲਾ ਵਿਖੇ ਘੱਗਰ ਦੇ ਹੋਰ ਵਧਣ ਦੀ ਉਮੀਦ ਨਹੀਂ ਏ , ਅਤੇ ਪੱਧਰ ਹੁਣ ਘੱਟਣਾ ਸ਼ੁਰੂ ਹੋ ਗਿਆ ਏ। ਕਾਰਜਕਾਰੀ ਇੰਜੀਨੀਅਰ ਨੇ ਕਿਹਾ ਕਿ ਹੁਣ, ਸਥਿਤੀ ਕਾਬੂ ਵਿੱਚ ਏ। ਇਸ ਤੋਂ ਇਲਾਵਾ, ਪਿਛਲੇ 12 ਘੰਟਿਆਂ ਵਿੱਚ ਜ਼ਿਲ੍ਹਾ ਕੈਚਮੈਂਟ ਖੇਤਰ ਵਿੱਚ ਕੋਈ ਮੀਂਹ ਪੈਣ ਦੀ ਰਿਪੋਰਟ ਨਹੀਂ ਏ , ਜਿਸ ਕਾਰਨ ਘਬਰਾਹਟ ਵਿੱਚ ਆਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਵੀ ਡਰੇਨੇਜ ਵਿਭਾਗ ਵੱਲੋਂ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਨੇ ਜਦਕਿ ਜਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਮ ਦੀ ਹੰਗਾਮੀ ਸਥਿਤੀ ਵਿੱਚ ਕੰਟਰੋਲ ਰੂਮ ਨੰਬਰ 0175-2350550 ਉੱਤੇ ਸੰਪਰਕ ਕੀਤਾ ਜਾ ਸਕਦਾ ਏ।

------------------------------------------------

ਬਠਿੰਡਾ ਵਿਚ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਤਹਿਤ ਕੇਂਦਰੀ ਯੂਨੀਵਰਸਿਟੀ ਘੁੱਦਾ ਵਿਖੇ ਪੁਲਿਸ ਵਿਭਾਗ ਵੱਲੋਂ ਸੰਪਰਕ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਵਿਸ਼ੇਸ਼ DGP ਜਤਿੰਦਰ ਜੈਨ, ਬਠਿੰਡਾ ਰੇਂਜ ਡੀ.ਆਈ.ਜੀ ਹਰਜੀਤ ਸਿੰਘ ਅਤੇ ਐਸ.ਐਸ.ਪੀ ਅਮਨੀਤ ਕੌਂਡਲ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਉਹਨਾਂ ਕਿਹਾ ਕਿ ਨਸ਼ੇ ਦੀ ਚੇਨ ਨੂੰ ਤੋੜਨ ਲਈ ਪੁਲਿਸ ਵਿਭਾਗ ਵੱਲੋਂ ਵਿਆਪਕ ਯੋਜਨਾ ਤਿਆਰ ਕੀਤੀ ਗਈ ਏ । ਉਹਨਾਂ ਕਿਹਾ ਕਿ ਜ਼ਿਲ੍ਹੇ ਅੰਦਰ ਜਿੱਥੇ ਨਸ਼ੇ ਦੀ ਵੱਧ ਤਸਕਰੀ ਹੋ ਰਹੀ ਏ ਉਹਨਾਂ ਥਾਵਾਂ ਦੀ ਸ਼ਨਾਖਤ ਕੀਤੀ ਗਈ ਅਤੇ ਉਹਨਾਂ ਥਾਵਾਂ 'ਤੇ ਅਚਨਚੇਤ ਛਾਪਾ ਮਾਰਿਆ ਜਾਵੇਗਾ । ਇਸ ਮਗਰੋਂ ਐਸ.ਐਸ.ਪੀ ਮੈਡਮ ਅਮਨੀਤ ਕੌਂਡਲ ਨੇ ਜ਼ਿਲ੍ਹੇ ਅੰਦਰ ਲਗਾਏ ਗਏ ਸਰਹੱਦੀ ਖੇਤਰ ਤੇ ਹੋਰ ਵੱਖ-ਵੱਖ ਥਾਂਵਾਂ ਤੇ ਲਗਾਏ ਨਾਕਿਆਂ ਦੀ ਚੈਕਿੰਗ ਕੀਤੀ । ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸ਼ੱਕੀ ਵਾਹਨਾਂ ਦੇ ਮੁਕੰਮਲ ਚੈਕਿੰਗ ਕਰਨੀ ਲਾਜ਼ਮੀ ਬਣਾਈ ਜਾਵੇ।